ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।

(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।

2.0 ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ. 299697/2022124709-710

ਮਿਤੀ 24-05-2022

ਵਿਸ਼ਾ: ਸੰਸਦ ਅਤੇ ਪੰਜਾਬ ਵਿਧਾਨ ਸਭਾ ਦੇ ਮੈਂਬਰ ਨੂੰ ਉਚਿੱਤ ਅਦਬ ਅਤੇ ਸਤਿਕਾਰ ਦੇਣ ਸਬੰਧੀ।

ਹਵਾਲਾ:ਮਾਣਯੋਗ ਮੁੱਖ ਸਕੱਤਰ, ਪੰਜਾਬ ਸਰਕਾਰ ਜੀ ਦਾ ਅ.ਸ. ਪੱਤਰ ਨੰ. 02.05.2022.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਅ.ਸ. ਪੱਤਰ ਦੀ ਕਾਪੀ ਆਪ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਨੱਥੀ ਉਕਤ ਅਨੁਸਾਰ

24.05.22

(ਜਸਕੀਰਤ ਕੌਰ)

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ.ਨੰ. ਉਕਤ/2022124711-714 ਮਿਤੀ 24-05-2022

ਉਤਾਰਾ ਹੇਠ ਲਿਖਿਆ ਨੂੰ ਹਦਾਇਤਾਂ ਦੀ ਪਾਲਣਾ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ/ਐਸਿ), ਪੰਜਾਬ।
4. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

24.05.22

(ਜਸਕੀਰਤ ਕੌਰ)

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

1422172/2022/RECORD-DPISE



Anirudh Tewari, IAS
ਅਨਿਰੁੱਧ ਤਿਵਾਰੀ, ਆਈ.ਏ.ਐਸ

D.O. No. CS/2022/231

Chief Secretary to Govt. of Punjab
Chandigarh - 160 001
ਮੁੱਖ ਸਕੱਤਰ, ਪੰਜਾਬ ਸਰਕਾਰ
ਚੰਡੀਗੜ੍ਹ - 160 001
Phone/ਫੋਨ : 0172-2740156, 2740860
Email : cs@punjab.gov.in

Date : 09.05.2022

ਵਿਸ਼ਾ:- ਸੰਸਦ ਅਤੇ ਪੰਜਾਬ ਵਿਧਾਨ ਸਭਾ ਦੇ ਮੈਂਬਰ ਨੂੰ ਉਚਿੱਤ ਅਦਬ ਅਤੇ ਸਤਿਕਾਰ ਦੇਣ ਸਬੰਧੀ।

******

Dear Colleague,

ਸੰਸਦ ਅਤੇ ਪੰਜਾਬ ਵਿਧਾਨ ਸਭਾ ਮੈਂਬਰਾਂ ਸਾਹਿਬਾਨਾਂ ਪ੍ਰਤੀ ਉਚਿੱਤ ਅਦਬ ਅਤੇ ਸਤਿਕਾਰ ਦਵਾਉਣ ਸਬੰਧੀ ਪੰਜਾਬ ਸਰਕਾਰ ਵੱਲੋਂ ਪੱਤਰ ਨੰ: 2/12/87-4ਪੀ.ਏ/9747, ਮਿਤੀ 09-09-2015, ਨੰ:12/124/2013-ਜੀ.ਸੀ(5)/9106, ਮਿਤੀ 25-08-2015, ਨੰ:2/12/87-4ਪੀ.ਏ/11594, ਮਿਤੀ 02-08-2017, ਨੰ:2/12/87-4ਪੀ.ਏ/1207272/1-2, ਮਿਤੀ 11-04-2018, ਨੰ:2/12/87-4ਪੀ.ਏ/265465/1, ਮਿਤੀ 05-07-2018 ਅਤੇ ਨੰ:02/12/87-4ਪੀ.ਏ(ਪ.ਫ)/405, ਮਿਤੀ 24-11-2021 ਅਤੇ ਭਾਰਤ ਸਰਕਾਰ ਵਲੋਂ ਪੱਤਰ ਮਿਤੀ 5.7.2018 ਰਾਹੀਂ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ ਕਿ ਆਪ ਆਪਣੇ ਅਧੀਨ ਆਉਂਦੇ ਸਿਵਲ ਅਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਹਦਾਇਤ ਕਰੋਗੇ ਕਿ ਲੋਕਤੰਤਰੀ ਢਾਂਚੇ ਵਿੱਚ ਚੁਣੀਆਂ ਗਈਆਂ ਸ਼ਖਸ਼ੀਅਤਾਂ ਜਦੋਂ ਲੋਕ ਭਲਾਈ ਦੇ ਕੰਮਾਂ ਲਈ ਵੱਖ ਵੱਖ ਦਫਤਰਾਂ ਵਿੱਚ ਪਹੁੰਚ ਕਰਦੀਆਂ ਹਨ ਤਾਂ ਉਹਨਾਂ ਨਾਲ ਸਰਕਾਰੀ ਦਫਤਰਾਂ ਅਤੇ ਅਦਾਰਿਆਂ ਵਿੱਚ ਸਲੀਕੇ ਨਾਲ ਗੱਲਬਾਤ ਕਰਨ ਅਤੇ ਬਣਦਾ ਸਤਿਕਾਰ ਦੇਣ ਤੇ ਮਾਨ ਮਰਿਯਾਦਾ ਨਾਲ ਪੇਸ਼ ਆਉਣ ਵੱਲ ਖਾਸ ਧਿਆਨ ਦਿੱਤਾ ਜਾਇਆ ਕਰੇ।

2. ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਕਈ ਜਿਲਿਆਂ ਵਿੱਚ ਅਧਿਕਾਰੀਆਂ ਵਲੋਂ ਇਹਨਾਂ ਸ਼ਖਸ਼ੀਅਤਾਂ ਦੇ ਪ੍ਰਤੀ ਪ੍ਰੋਟੋਕਾਲ ਦੀ ਪਾਲਣਾ ਅਤੇ ਆਦਰ ਸਤਿਕਾਰ ਨਹੀਂ ਕੀਤਾ ਜਾ ਰਿਹਾ। ਇਸ ਤਰ੍ਹਾਂ

ਜਨਤਾ ਦੁਆਰਾ ਚੁਣੇ ਹੋਏ ਸੰਸਦ ਅਤੇ ਵਿਧਾਨ ਸਭਾ ਦੇ ਮੈਂਬਰਾਂ ਨੂੰ ਬਣਦਾ ਆਦਰ ਮਾਣ ਦੇਣ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਜਾ ਰਹੀ। ਸਰਕਾਰ ਨੇ ਇਸ ਨੂੰ ਗੰਭੀਰਤਾ ਨਾਲ ਲਿਆ ਹੈ। ਲੋਕਤੰਤਰੀ ਢਾਂਚੇ ਵਿੱਚ ਲੋਕਾਂ ਦੁਆਰਾ ਚੁਣੇ ਗਏ ਪ੍ਰਤੀਨਿੱਧਾਂ ਦਾ ਬਣਦਾ ਅਦਬ ਸਤਿਕਾਰ ਕਰਨਾ ਸਮੂਹ ਪ੍ਰਸਾਸ਼ਨ ਦਾ ਫਰਜ਼ ਬਣਦਾ ਹੈ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਦੋਂ ਵੀ ਸੰਸਦ ਜਾਂ ਵਿਧਾਨ ਸਭਾ ਦੇ ਮੈਂਬਰ ਸਾਹਿਬਾਨ ਦਫਤਰ ਵਿੱਚ ਪਹੁੰਚ ਕਰਦੇ ਹਨ ਤਾਂ ਉਨਾਂ ਨਾਲ ਸਲੀਕੇ ਨਾਲ ਪੇਸ਼ ਆਇਆ ਜਾਵੇ ਅਤੇ ਅਦਬ-ਸਤਿਕਾਰ ਦੇਣ ਦੀ ਖੇਚਲ ਕੀਤੀ ਜਾਵੇ। ਇਸ ਸਬੰਧੀ ਆਪਣੇ ਅਧੀਨ ਆਉਂਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਇਨ੍ਹਾਂ ਹਦਾਇਤਾਂ ਬਾਰੇ ਜਾਣੂੰ ਕਰਵਾਉਂਦੇ ਹੋਏ, ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਜਾਵੇ।

ਹਿਤੂ

(ਅਨਿਰੁੱਧ ਤਿਵਾੜੀ)

1. ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ।
2. ਸਮੂਹ ਵਿਭਾਗਾਂ ਦੇ ਮੁੱਖੀ।